# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 06-09-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਆਉਣ ਵਾਲੀਆਂ ਪੀੜ੍ਹੀਆਂ ਪਾਣੀ ਦੀ ਸੰਭਾਲ ਪ੍ਰਤੀ ਸਾਡੇ ਰਵੱਈਏ ਦੇ ਆਧਾਰ 'ਤੇ ਸਾਡਾ ਮੁਲਾਂਕਣ ਕਰਨਗੀਆਂ।
- ਆਲ ਇੰਡੀਆ ਕਿਸਾਨ ਕੋਆਰਡੀਨੇਸ਼ਨ ਕਮੇਟੀ ਅਤੇ ਭਾਰਤੀ ਕਿਸਾਨ ਯੂਨੀਅਨ ਦੇ ਵਫ਼ਦ ਨੇ, ਫੂਡ ਪ੍ਰੋਸੈਸਿੰਗ ਮੰਤਰੀ ਰਵਨੀਤ ਸਿੰਘ ਬਿੱਟੂ ਨਾਲ ਮੁਲਾਕਾਤ ਕਰਕੇ ਪੰਜਾਬ ਅਤੇ ਹਰਿਆਣਾ ਵਿੱਚ ਖੇਤੀਬਾੜੀ ਲਈ ਫੂਡ ਪ੍ਰੋਸੈਸਿੰਗ ਅਤੇ ਮੁੱਲ ਵਾਧੇ ਨੂੰ ਅੱਗੇ ਵਧਾਉਣ ਦੀ ਅਪੀਲ ਕੀਤੀ।
- ਪੰਜਾਬ ਸਰਕਾਰ ਨੇ ਖੇਤੀਬਾੜੀ ਵਾਸਤੇ ਅਨੁਸੂਚਿਤ ਜਾਤੀ ਦੇ ਕਿਸਾਨਾਂ ਅਤੇ ਗ੍ਰਾਮ ਪੰਚਾਇਤਾਂ ਲਈ 5 ਹਜ਼ਾਰ ਸੋਲਰ ਪੰਪ ਰਾਖਵੇਂ ਕਰਨ ਦਾ ਫ਼ੈਸਲਾ ਕੀਤਾ ਏ।

- ਜਲੰਧਰ ਡਵੀਜ਼ਨਲ ਕਮਿਸ਼ਨਰ ਨੇ, ਡਵੀਜ਼ਨ ’ਚ ਪੈਂਦੇ ਸੱਤ ਜ਼ਿਲ੍ਹਿਆਂ ’ਚ ਚੱਲ ਰਹੇ ਵਾਤਾਵਰਣ ਪੱਖੀ ਪ੍ਰਾਜੈਕਟਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ।

----------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਪਾਣੀ ਦੀ ਸੰਭਾਲ, ਸਿਰਫ਼ ਇੱਕ ਨੀਤੀ ਨਹੀਂ ਸਗੋਂ ਸਮਾਜਿਕ ਪ੍ਰਤੀਬੱਧਤਾ ਦਾ ਵਿਸ਼ਾ ਏ। ਉਨ੍ਹਾਂ ਕਿਹਾ ਕਿ ਇਹ ਇੱਕ ਉਪਰਾਲਾ ਅਤੇ ਪੁੰਨ ਦਾ ਕੰਮ ਵੀ ਏ। ਇਸ ਕੰਮ ਵਿੱਚ ਉਦਾਰਤਾ ਦੇ ਨਾਲ-ਨਾਲ ਜ਼ਿੰਮੇਵਾਰੀ ਵੀ ਏ। ਪ੍ਰਧਾਨ ਮੰਤਰੀ ਅੱਜ ਵੀਡੀਓ ਕਾਨਫਰੰਸ ਰਾਹੀਂ ਗੁਜਰਾਤ ਦੇ ਸੂਰਤ ਵਿੱਚ ਜਲ ਸੰਭਾਲ ਪਹਿਲ 'ਜਲ ਸੰਚੈ ਜਨ ਭਾਗੀਦਾਰੀ' ਦੇ ਸ਼ੁਰੂਆਤੀ ਪ੍ਰੋਗਰਾਮ ਨੂੰ ਸੰਬੋਧਨ ਕਰ ਰਹੇ ਸਨ। ਪ੍ਰਧਾਨ ਮੰਤਰੀ ਨੇ ਆਉਣ ਵਾਲੀਆਂ ਪੀੜ੍ਹੀਆਂ ਦੇ ਪਾਏਦਾਰ ਭਵਿੱਖ ਨੂੰ ਯਕੀਨੀ ਬਣਾਉਣ ਲਈ ਪਾਣੀ ਦੀ ਸੰਭਾਲ ਦੇ ਸਾਰੇ ਉਪਰਾਲਿਆਂ ਵਿੱਚ ਲੋਕਾਂ ਦੀ ਭਾਗੀਦਾਰੀ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਪੀੜ੍ਹੀਆਂ ਜਦੋਂ ਮੁਲਾਂਕਣ ਕਰਨਗੀਆਂ ਤਾਂ ਪਾਣੀ ਪ੍ਰਤੀ ਸਾਡਾ ਰਵੱਈਆ ਉਨ੍ਹਾਂ ਦੀ ਪਹਿਲੀ ਕਸੌਟੀ

ਹੋਵੇਗੀ।

**BYTE:**

ਪ੍ਰਧਾਨ ਮੰਤਰੀ ਨੇ ਕਿਹਾ ਕਿ ਪਾਣੀ ਦੀ ਸੰਭਾਲ ਹਮੇਸ਼ਾ ਭਾਰਤ ਦੀ ਸੱਭਿਆਚਾਰਕ ਚੇਤਨਾ ਦਾ ਅਨਿੱਖੜਵਾਂ ਅੰਗ ਰਹੀ ਏ । ਉਨ੍ਹਾਂ ਨੇ ਟਿਕਾਊ ਭਵਿੱਖ ਲਈ ਜਲ ਜੀਵਨ ਮਿਸ਼ਨ, ਅਟਲ ਜ਼ਮੀਨੀ ਜਲ ਯੋਜਨਾ ਸਮੇਤ ਸਰਕਾਰ ਦੀਆਂ ਕਈ ਪਹਿਲਕਦਮੀਆਂ ਦਾ ਜ਼ਿਕਰ ਵੀ ਕੀਤਾ।

**BYTE:**

---

ਆਲ ਇੰਡੀਆ ਕਿਸਾਨ ਕੋਆਰਡੀਨੇਸ਼ਨ ਕਮੇਟੀ ਅਤੇ ਭਾਰਤੀ ਕਿਸਾਨ ਯੂਨੀਅਨ ਦੇ ਵਫ਼ਦ ਨੇ ਫੂਡ ਪ੍ਰੋਸੈਸਿੰਗ ਮੰਤਰੀ ਰਵਨੀਤ ਸਿੰਘ ਬਿੱਟੂ ਨਾਲ ਮੁਲਾਕਾਤ ਕਰਕੇ ਪੰਜਾਬ ਅਤੇ ਹਰਿਆਣਾ ਵਿੱਚ ਖੇਤੀਬਾੜੀ ਲਈ ਫੂਡ ਪ੍ਰੋਸੈਸਿੰਗ ਅਤੇ ਮੁੱਲ ਵਾਧੇ ਨੂੰ ਅੱਗੇ ਵਧਾਉਣ ਦੀ ਅਪੀਲ ਕੀਤੀ । ਆਲ ਇੰਡੀਆ ਕਿਸਾਨ ਕੋਆਰਡੀਨੇਸ਼ਨ ਕਮੇਟੀ ਚੇਅਰਮੈਨ ਭੁਪਿੰਦਰ ਸਿੰਘ ਮਾਨ ਅਤੇ ਬੀ.ਕੇ.ਯੂ ਦੇ ਕੌਮੀ ਪ੍ਰਧਾਨ ਦੀ ਅਗਵਾਈ ਹੇਠ ਇੱਕ

ਵਫ਼ਦ ਨਵੀਂ ਦਿੱਲੀ ਵਿਖੇ ਕੇਂਦਰੀ ਫੂਡ ਪ੍ਰੋਸੈਸਿੰਗ ਅਤੇ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੂੰ ਮਿਲਿਆ। ਭੁਪਿੰਦਰ ਸਿੰਘ ਮਾਨ ਨੇ ਮੰਤਰੀ ਨੂੰ ਪੰਜਾਬ ਅਤੇ ਹਰਿਆਣਾ ਵਿੱਚ ਫੂਡ ਪ੍ਰੋਸੈਸਿੰਗ ਉਦਯੋਗ ਨੂੰ ਵਿਕਸਤ ਕਰਨ 'ਤੇ ਵਧੇਰੇ ਜ਼ੋਰ ਦੇਣ ਦੀ ਅਪੀਲ ਕੀਤੀ ਕਿਉਂਕਿ ਵਾਢੀ ਤੋਂ ਬਾਅਦ ਫੂਡ ਚੇਨ ਵਿੱਚ ਮੁੱਲ ਜੋੜ ਕੇ ਕਿਸਾਨਾਂ ਨੂੰ ਵਿੱਤੀ ਸੰਕਟ ਤੋਂ ਮੁਕਤ ਕਰਨ ਦਾ ਇਹ ਅਗਲੇਰਾ ਰਸਤਾ ਏ। ਉਨ੍ਹਾਂ ਕਿਹਾ ਕਿ ਇਹ ਸ਼ਾਇਦ ਸਭ ਤੋਂ ਮਹੱਤਵਪੂਰਨ ਖੇਤਰ ਏ  ਜੋ ਪੰਜਾਬ ਨੂੰ ਬਦਲ ਸਕਦਾ ਏ ਅਤੇ ਕ੍ਰਾਂਤੀ ਲਿਆ ਸਕਦਾ ਏ। ਕੀਮਤ ਵਿਚ ਵਾਧੇ , ਪ੍ਰੋਸੈਸਿੰਗ, ਸਬਜ਼ੀਆਂ, ਫਲਾਂ ਅਤੇ ਅਨਾਜ ਦੀ ਬਰਾਮਦ ਤੋਂ ਹੋਣ ਵਾਲਾ ਵਿੱਤੀ ਲਾਭ ਤਬਦੀਲੀ ਲਿਆਉਣ ਵਾਲਾ ਹੋ ਸਕਦਾ ਏ। ਰਵਨੀਤ ਸਿੰਘ ਬਿੱਟੂ ਨੇ ਪੰਜਾਬ ਵਿੱਚ ਫੂਡ ਪ੍ਰੋਸੈਸਿੰਗ ਉਦਯੋਗ ਬਾਰੇ ਆਪਣਾ ਵਿਜ਼ਨ ਸਾਂਝਾ ਕੀਤਾ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ ਸਰਕਾਰ ਪੇਂਡੂ ਪੰਜਾਬ ਦੀ ਆਰਥਿਕ ਨੁਹਾਰ ਬਦਲਣ ਲਈ ਫੂਡ ਪ੍ਰੋਸੈਸਿੰਗ ਉਦਯੋਗ ਨੂੰ ਹੁਲਾਰਾ ਦੇਣ ਲਈ ਵਚਨਬੱਧ ਏ।  ਇਸ ਮੌਕੇ ਸੁਖਵਿੰਦਰ ਸਿੰਘ ਕਾਹਲੋਂ ਨੇ ਮੰਤਰੀ ਦਾ ਧਿਆਨ ਬਟਾਲਾ ਕਾਦੀਆਂ ਰੇਲਵੇ ਲਾਈਨ

'ਤੇ ਬਣ ਰਹੇ ਅੰਡਰਪਾਸ ਵੱਲ ਵੀ  ਦਿਵਾਇਆ ਜਿਸਤੇ ਮੰਤਰੀ ਨੇ ਤੁਰੰਤ ਕਾਰਵਾਈ ਦਾ ਭਰੋਸਾ ਦਿੱਤਾ ਏ।

---------------------------------------------------------------

ਸੂਖਮ ਲਘੁ ਤੇ ਦਰਮਿਆਨੇ ਉਦਯੋਗਾਂ ਬਾਰੇ ਕੇਂਦਰੀ  ਰਾਜ ਮੰਤਰੀ ਸ਼ੋਭਾ ਕਰੰਦਲਾਜੇ ਨੇ ਅੱਜ ਖਰੜ ਵਿਖੇ ਖੇਤਰੀ ਪੰਜਾਬ ਖਾਦੀ ਮੰਡਲ ਦਾ ਦੌਰਾ ਕੀਤਾ। ਖਾਦੀ ਪੰਜਾਬ ਦੇ ਡਾਇਰੈਕਟਰ ਤੇ ਮੋਹਾਲੀ ਦੇ ਐਸ.ਡੀ.ਐਮ ਦੀਪਾਂਕਰ ਗਰਗ ਅਤੇ ਖਾਦੀ ਮੰਡਲ ਦੇ ਅਮਲੇ ਨੇ ਉਨ੍ਹਾਂ ਦਾ ਸਵਾਗਤ ਕੀਤਾ। ਰਾਜ ਮੰਤਰੀ ਨੇ ਚਰਖੇ 'ਤੇ ਸੂਤ ਬਣਾਉਣ ਵਾਲਿਆਂ ਔਰਤਾਂ ਨਾਲ ਗੱਲਬਾਤ ਕੀਤੀ । ਉਸਨੇ ਖਾਦੀ ਵਰਕਰਾਂ ਲਈ ਕੇਂਦਰੀ ਯੋਜਨਾਵਾਂ  ਦੇ ਨਾਲ-ਨਾਲ ਵਿਸ਼ਵਕਰਮਾ ਯੋਜਨਾ ਬਾਰੇ ਵੀ ਪੁੱਛਗਿੱਛ ਕੀਤੀ।  ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਸਮੇਤ ਮੌਜੂਦ ਅਧਿਕਾਰੀਆਂ ਨੂੰ ਇਹ ਯਕੀਨੀ ਬਣਾਉਣ ਦੀ  ਹਦਾਇਤ ਕੀਤੀ ਕਿ ਇਹ ਹਰੇਕ ਲਾਭਪਾਤਰੀ ਦੀ ਸ਼ਨਾਖਤ ਕਰਕੇ ਉਨ੍ਹਾਂ ਨੂੰ ਯੋਜਨਾਵਾਂ  ਬਾਰੇ ਵੇਰਵੇ ਦਿੱਤੇ ਜਾਣ ਕਿਉਂਕਿ ਇਹ ਯੋਜਨਾਵਾਂ  ਗਰੀਬਾਂ ਅਤੇ ਯੋਗ ਲੋਕਾਂ ਲਈ ਨੇ।

-----------------------------------------------------------------

ਬੀਤੇ ਦਿਨੀ ਰਾਸ਼ਟਰੀ ਅਧਿਅਪਕ ਦਿਵਸ ਮੌਕੇ ਦੇਸ਼ ਦੇ ਵੱਖ ਵੱਖ ਅਧਿਆਪਕਾਂ ਨੂੰ ਸਨਮਾਨਿਤ ਕੀਤਾ ਗਿਆ ਏ । ਇਨ੍ਹਾਂ ਵਿਚ ਬਠਿੰਡਾ ਜ਼ਿਲੇ ਦੇ ਸਰਕਾਰੀ ਪ੍ਰਾਇਮਰੀ ਸਕੂਲ ਕੋਠੇ ਇੰਦਰ ਸਿੰਘ ਦੇ ਅਧਿਅਪਕ ਰਾਜਿੰਦਰ ਸਿੰਘ ਨੂੰ ਵੀ ਰਾਸ਼ਟਰਪਤੀ ਦਰੋਪਦੀ ਮੁਰਮੂ ਵਲੋਂ ਪੁਰਸਕਾਰ ਨਾਲ ਨਿਵਾਜ਼ਿਆ ਗਿਆ ਏ ।ਆਕਾਸ਼ਵਾਣੀ ਜਲੰਧਰ ਨਾਲ ਗੱਲਬਾਤ ਕਰਦਿਆਂ ਰਾਜਿੰਦਰ ਸਿੰਘ ਨੇ ਕਿਹਾ ।

**BYTE:**

-----------------------------------------------------------------

ਪੰਜਾਬ ਸਰਕਾਰ ਨੇ ਖੇਤੀਬਾੜੀ ਵਾਸਤੇ ਅਨੁਸੂਚਿਤ ਜਾਤੀ ਦੇ ਕਿਸਾਨਾਂ ਅਤੇ ਗ੍ਰਾਮ ਪੰਚਾਇਤਾਂ ਲਈ 5 ਹਜ਼ਾਰ ਸੋਲਰ ਪੰਪ ਰਾਖਵੇਂ ਕਰਨ ਦਾ ਫ਼ੈਸਲਾ ਕੀਤਾ ਏ । ਸੂਬੇ ਦੇ ਨਵੀਂ ਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ ਅਮਨ ਅਰੋੜਾ ਨੇ ਦੱਸਿਆ ਕਿ ਪੰਜਾਬ ਊਰਜਾ ਵਿਕਾਸ ਏਜੰਸੀ-ਪੇਡਾ ਪ੍ਰਧਾਨ ਮੰਤਰੀ ਕੁਸੁਮ ਸਕੀਮ ਦੇ ਪਹਿਲੇ ਪੜਾਅ ਤਹਿਤ 20 ਹਜ਼ਾਰ  ਸੋਲਰ ਪੰਪ  ਲਗਾਉਣ ਸਬੰਧੀ ਯੋਜਨਾ  ਦੀ ਸ਼ੁਰੂਆਤ ਲਈ

ਪੂਰੀ ਤਰ੍ਹਾਂ ਤਿਆਰ ਏ । ਕੈਬਨਿਟ ਮੰਤਰੀ ਨੇ ਦੱਸਿਆ ਕਿ ਸੂਬੇ ਵਿੱਚ ਅਨੁਸੂਚਿਤ ਜਾਤੀ ਦੇ ਕਿਸਾਨਾਂ ਲਈ 2000 ਸੋਲਰ ਪੰਪ ਸੈੱਟ ਰਾਖਵੇਂ ਰੱਖੇ ਗਏ ਨੇ , ਜਿਨ੍ਹਾਂ ਨੂੰ ਇਸ ਦੀ ਕੁੱਲ ਲਾਗਤ 'ਤੇ 80 ਫ਼ੀਸਦੀ ਸਬਸਿਡੀ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਗ੍ਰਾਮ ਪੰਚਾਇਤਾਂ ਲਈ 3000 ਸੋਲਰ ਪੰਪ ਰਾਖਵੇਂ ਰੱਖੇ ਗਏ ਨੇ । ਆਮ ਸ਼੍ਰੇਣੀ ਦੇ ਕਿਸਾਨਾਂ ਨੂੰ ਸੋਲਰ ਪੰਪ ਦੀ ਲਾਗਤ ਉੱਤੇ 60 ਫੀਸਦੀ ਸਬਸਿਡੀ ਦਿੱਤੀ ਜਾਵੇਗੀ। ਉਨ੍ਹਾਂ ਨੇ ਪੇਡਾ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਖੇਤੀਬਾੜੀ ਲਈ ਸੋਲਰ-ਪੰਪ ਯੋਜਨਾ ਨੂੰ ਪਾਰਦਰਸ਼ੀ ਅਤੇ ਨਿਰਵਿਘਨ ਢੰਗ ਨਾਲ ਅਮਲ ਵਿੱਚ ਲਿਆਉਣਾ ਯਕੀਨੀ ਬਣਾਇਆ ਜਾਵੇ। ਮੰਤਰੀ ਨੇ ਸੋਲਰ ਪੰਪਾਂ ਵਾਸਤੇ ਆਨਲਾਈਨ ਬਿਨੇ ਕਰਨ ਅਤੇ ਇਨ੍ਹਾਂ ਦੀ ਅਲਾਟਮੈਂਟ ਲਈ ਪੰਜਾਬ ਦੇ ਪ੍ਰਸ਼ਾਸਨਿਕ ਸੁਧਾਰ ਵਿਭਾਗ ਦੀ ਸਹਾਇਤਾ ਨਾਲ ਪੇਡਾ ਵੱਲੋਂ ਤਿਆਰ ਕੀਤੇ ਗਏ ਪੋਰਟਲ ਦੀ ਸਮੀਖਿਆ ਵੀ ਕੀਤੀ। ਉਨ੍ਹਾਂ ਨੇ ਸਬੰਧਤ ਅਧਿਕਾਰੀਆਂ ਨੂੰ ਇਹ ਯਕੀਨੀ ਬਣਾਉਣ ਲਈ ਕਿਹਾ ਕਿ ਸੋਲਰ ਪੰਪਾਂ ਲਈ ਆਨਲਾਈਨ ਅਪਲਾਈ ਕਰਨ ਸਮੇਂ ਕਿਸਾਨਾਂ ਨੂੰ ਕੋਈ ਮੁਸ਼ਕਲ ਨਾ ਆਵੇ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਬੂਟੇ ਲਾਉਣ ਦੀ ਮੁਹਿੰਮ, 'ਏਕ ਪੇੜ ਮਾਂ ਕੇ ਨਾਮ' ਤਹਿਤ, ਦੇਸ਼ ਭਰ ਦੇ ਲੋਕਾਂ ਨੂੰ ਇਸ ਬਰਸਾਤ ਦੇ ਮੌਸਮ ਵਿਚ ਬੂਟੇ ਲਗਾਉਣ ਦਾ ਸਦਾ ਦਿੱਤਾ ਏ। ਸਮਾਜ ਸੇਵੀ ਸੰਸਥਾਵਾਂ, ਵਾਤਾਵਰਨ ਪ੍ਰੇਮੀ ਅਤੇ ਆਮ ਲੋਕ ਇਸ ਮੁਹਿੰਮ ਤੋਂ ਬੇਹੱਦ ਉਤਸ਼ਾਹਤ ਨੇ ਅਤੇ ਵੱਖ ਵੱਖ ਕਿਸਮ ਦੇ ਬੂਟੇ ਵੀ ਲਗਾ ਰਹੇ ਨੇ। ਮੋਗਾ ਅਤੇ ਮੋਹਾਲੀ ਤੋਂ ਲੋਕਾਂ ਨੇ ਇਸ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ।

**BYTE:**

---

ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਤੇ ਲੁਧਿਆਣਾ ਤੋਂ ਲੋਕ ਸਭਾ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਅਗਵਾਈ ਹੇਠ ਅੱਜ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਪੈਟਰੋਲ, ਡੀਜ਼ਲ ਅਤੇ ਬਿਜਲੀ ਦੀਆਂ ਕੀਮਤਾਂ ਵਿੱਚ ਕੀਤੇ ਵਾਧੇ ਦੇ ਵਿਰੋਧ ਵਿੱਚ, ਸ੍ਰੀ ਮੁਕਤਸਰ ਸਾਹਿਬ ਵਿਖੇ ਸ਼ਾਂਤਮਈ ਰੋਸ ਪ੍ਰਦਰਸ਼ਨ ਕੀਤਾ ਗਿਆ। ਰਾਜਾ ਵੜਿੰਗ ਨੇ ਪੰਜਾਬ ਕਾਂਗਰਸ ਦੇ ਕਈ ਆਗੂਆਂ ਅਤੇ ਵਰਕਰਾਂ ਨੂੰ

ਨਾਲ ਲੈ ਕੇ ਮੁਕਤਸਰ ਸਾਹਿਬ ਦੇ ਜ਼ਿਲ੍ਹਾ ਕਮਿਸ਼ਨਰ ਦੇ ਦਫ਼ਤਰ ਤੱਕ ਰੋਸ ਮਾਰਚ ਕੀਤਾ, ਜਿੱਥੇ ਉਨ੍ਹਾਂ ਨੇ ਨਿੱਜੀ ਤੌਰ 'ਤੇ ਮੰਗ ਪੱਤਰ ਸੌਂਪ ਕੇ ਇਨ੍ਹਾਂ ਕੀਮਤਾਂ ਦੇ ਵਾਧੇ ਨੂੰ ਤੁਰੰਤ ਵਾਪਸ ਲੈਣ ਦੀ ਮੰਗ ਕੀਤੀ। ਉਨ੍ਹਾਂ ਪੰਜਾਬ ਦੇ ਲੋਕਾਂ ਦੇ ਸਮੂਹਿਕ ਗੁੱਸੇ ਅਤੇ ਨਿਰਾਸ਼ਾ ਨੂੰ ਜ਼ਾਹਰ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪੈਟਰੋਲ, ਡੀਜ਼ਲ ਅਤੇ ਬਿਜਲੀ ਵਰਗੀਆਂ ਜ਼ਰੂਰੀ ਵਸਤਾਂ ਦੀਆਂ ਕੀਮਤਾਂ ਵਿੱਚ ਵਾਧਾ ਕਰਕੇ ਪੰਜਾਬ ਦੇ ਲੋਕਾਂ ਨਾਲ ਕੋਝਾ ਮਜ਼ਾਕ ਕਰ ਰਹੀ ਏ । ਸਰਕਾਰ ਜਾਣਬੁੱਝ ਕੇ ਮੱਧ ਵਰਗ ਅਤੇ ਗਰੀਬਾਂ ਨੂੰ ਡੂੰਘੇ ਵਿੱਤੀ ਸੰਕਟ ਵਿੱਚ ਧੱਕ ਰਹੀ ਏ ।

---------------------------------------------------------

ਜਲੰਧਰ ਦੇ ਡਵੀਜ਼ਨਲ ਕਮਿਸ਼ਨਰ ਜਲੰਧਰ ਪ੍ਰਦੀਪ ਕੁਮਾਰ ਸਭਰਵਾਲ ਨੇ ਅੱਜ ਜਲੰਧਰ ਡਵੀਜ਼ਨ ਅਧੀਨ ਪੈਂਦੇ ਸੱਤ ਜ਼ਿਲ੍ਹਿਆਂ ਜਲੰਧਰ, ਕਪੂਰਥਲਾ, ਹੁਸ਼ਿਆਰਪੁਰ, ਗੁਰਦਾਸਪੁਰ, ਪਠਾਨਕੋਟ, ਅੰਮ੍ਰਿ ਤਸਰ ਅਤੇ ਤਰਨ ਤਾਰਨ ਵਿੱਚ ਜ਼ਿਲ੍ਹਾ ਵਾਤਾਵਰਣ ਯੋਜਨਾ ਤਹਿਤ ਚੱਲ ਰਹੇ ਪ੍ਰਾਜੈਕਟਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ ਤੇ ਅਧਿਕਾਰੀਆਂ

ਨੂੰ ਵਾਤਾਵਰਣ ਦੀ ਸ਼ੁੱਧਤਾ ਲਈ ਫੀਲਡ ਵਿੱਚ ਜਾ ਕੇ ਪੂਰੀ ਸਰਗਰਮੀ ਨਾਲ ਕੰਮ ਕਰਨ ਲਈ ਕਿਹਾ। ਇਨ੍ਹਾਂ ਜ਼ਿਲ੍ਹਿਆਂ ਦੇ ਵਧੀਕ ਡਿਪਟੀ ਕਮਿਸ਼ਨਰਾਂ, ਪੰਜਾਬ ਪ੍ਰਦੂਸ਼ਣ ਕੰਟੋਰਲ ਬੋਰਡ ਦੇ ਐਕਸੀਅਨਾਂ ਅਤੇ ਹੋਰ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਡਵੀਜ਼ਨਲ ਕਮਿਸ਼ਨਰ ਨੇ ਇਨ੍ਹਾਂ ਜ਼ਿਲ੍ਹਿਆਂ ਵਿੱਚ ਪੈਂਦੇ ਦਰਿਆਵਾਂ ਦੇ ਪਾਣੀ ਦੀ ਗੁਣਵੱਤਾ ਦੀ ਨਿਗਰਾਨੀ, ਸੀਵਰੇਜ ਟ੍ਰੀਟਮੈਂਟ ਪਲਾਂਟਾਂ ,ਟ੍ਰੀਟਮੈਂਟ ਪਲਾਂਟਾ ਦੀ ਕਾਰਗੁਜ਼ਾਰੀ, ਸੀਵਰੇਜ ਦੇ ਪਾਣੀ ਨੂੰ ਸੋਧਣ ਦੀ ਸਮਰੱਥਾ, ਹਵਾ ਦੀ ਗੁਣਵੱਤਾ ਵਿੱਚ ਸੁਧਾਰ ਲਈ ਕੀਤੇ ਜਾ ਰਹੇ ਉਪਰਾਲਿਆਂ, ਠੋਸ ਰਹਿੰਦ-ਖੂਹੰਦ ਪ੍ਰਬੰਧਨ, ਪਲਾਸਟਿਕ ਤੇ ਬਾਇਓ ਮੈਡੀਕਲ ਰਹਿੰਦ ਖੂਹੰਦ ਪ੍ਰਬੰਧਨ ਸਬੰਧੀ ਚੱਲ ਰਹੇ ਕਾਰਜਾਂ ਦਾ ਵਿਆਪਕ ਜਾਇਜ਼ਾ ਲਿਆ। ਡਵੀਜ਼ਨਲ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਕਿਹਾ ਕਿ ਸੀਵਰੇਜ ਟ੍ਰੀਟਮੈਂਟ ਪਲਾਂਟਾ ਦਾ ਸੰਚਾਲਨ ਨਿਰਧਾਰਿਤ ਮਾਪਦੰਡਾਂ ਮੁਤਾਬਕ ਕੀਤਾ ਜਾਣਾ ਚਾਹੀਦਾ ਏ । ਉਨ੍ਹਾਂ ਵਧੀਕ ਡਿਪਟੀ ਕਮਿਸ਼ਨਰਾਂ ਤੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਅਧਿਕਾਰੀਆਂ ਨੂੰ ਸਾਂਝੇ ਤੌਰ ’ਤੇ ਹਦਾਇਤਾਂ ਦਿੱਤੀਆਂ। ਉਨ੍ਹਾਂ ਸੀਵਰੇਜ ਟ੍ਰੀਟਮੈਂਟ ਪਲਾਂਟਾਂ ਦੇ ਸੋਧੇ ਹੋਏ

ਪਾਣੀ ਦੀ ਸੁਚੱਜੀ ਵਰਤੋਂ ’ਤੇ ਜ਼ੋਰ ਦਿੰਦਿਆਂ ਕਿਹਾ ਕਿ ਅਜਿਹਾ ਕਰਨ ਨਾਲ ਜ਼ਮੀਨ ਹੇਠਲੇ ਪਾਣੀ ਦੀ ਬੱਚਤ ਹੋਵੇਗੀ। ਹਵਾ ਦੀ ਗੁਣਵੱਤਾ ਵਿੱਚ ਸੁਧਾਰ ਲਈ ਕੀਤੇ ਜਾ ਰਹੇ ਉਪਰਾਲਿਆਂ ਦਾ ਜਾਇਜ਼ਾ ਲੈਂਦਿਆਂ ਸ਼੍ਰੀ ਸਭਰਵਾਲ ਨੇ ਕਿਹਾ ਕਿ ਤਕਨੀਕ ਦੀ ਸਰਵਓਤਮ ਵਰਤੋਂ ਕਰਦਿਆਂ ਹਵਾ ਦੀ ਗੁਣਵੱਤਾ ਵਿੱਚ ਸੁਧਾਰ ਲਈ ਯਤਨ ਤੇਜ਼ ਕੀਤੇ ਜਾਣ।

---------------------------------------------------------------

ਪਿਛਲੇ ਦਿਨੀਂ ਚੀਨ ਵਿਖੇ ਹੋਈ, ਏਸ਼ੀਅਨ ਯੂਨੀਵਰਸਿਟੀ ਤੀਰਅੰਦਾਜ਼ੀ ਚੈਂਪੀਅਨਸ਼ਿੱਪ ਵਿੱਚ, ਤਲਵੰਡੀ ਸਾਬੋ ਸਥਿਤ ਗੁਰੂ ਕਾਸ਼ੀ ਯੂਨੀਵਰਸਿਟੀ ਦੀ ਤੀਰਅੰਦਾਜ਼ ਦੀਪਸ਼ਿਖਾ ਨੇ ਇਸ ਮੁਕਾਬਲੇ ਵਿੱਚ ਸੋਨ ਤਮਗਾ ਜਿੱਤਿਆ। ਅੱਜ ਵਤਨ ਵਾਪਸੀ ਮੌਕੇ, ਯੂਨੀਵਰਸਿਟੀ ਦੇ ਅਧਿਕਾਰੀਆਂ ਅਤੇ ਵਿਦਿਆਰਥੀਆਂ ਤੇ ਇਲਾਕਾ ਵਾਸੀਆਂ ਨੇ ਦੀਪਸ਼ਿਖਾ ਦਾ ਨਿੱਘਾ ਸਵਾਗਤ ਕੀਤਾ। ਉਹ ਤਖਤ ਸ਼੍ਰੀ ਦਮਦਮਾ ਸਾਹਿਬ ਵਿਖੇ ਨਤਮਸਤਕ ਹੋਏ ਮਗਰੋਂ ਯੂਨੀਵਰਸਿਟੀ ਵਿਚ ਸਾਰਿਆਂ ਨਾਲ ਮੁਲਾਕਾਤ ਕੀਤੀ । ਇਸ ਮੌਕੇ ‘ਤੇ ਸੋਨ ਤਮਗਾ ਜੇਤੂ ਖਿਡਾਰਣ ਦੀਪਸ਼ਿਖਾ ਨੇ ਆਪਣੀਂ ਖੁਸ਼ੀ ਦਾ ਇਜ਼ਹਾਰ ਕਰਦਿਆਂ ਕਰਦਿਆਂ ਕਿਹਾ ।

**BYTE:**

---------------------------------------------

ਔਰਤ ਅਤੇ ਬਾਲ ਵਿਕਾਸ ਵਿਭਾਗ ਵੱਲੋਂ ਹਰ ਸਾਲ ਸਤੰਬਰ ਮਹੀਨੇ ਵਿਚ ਪਹਿਲੀ ਤੋਂ 30 ਸਤੰਬਰ ਤੱਕ ਪੋਸ਼ਣ ਮਾਹ ਮਨਾਇਆ ਜਾਂਦਾ ਏ। ਇਸੇ ਤਹਿਤ ਔਰਤਾਂ ਅਤੇ ਬੱਚਿਆਂ ਨੂੰ ਸਰੀਰਿਕ ਤੌਰ ਤੇ ਮਜਬੂਤ ਬਣਾਉਣ ਅਤੇ ਸੰਤੁਲਿਤ ਖੁਰਾਕ ਸਬੰਧੀ ਜਾਗਰੂਕ ਕਰਨ ਦੇ ਮਕਸਦ ਨਾਲ ਜਿਲ੍ਹਾ ਐਸ.ਏ.ਐਸ. ਨਗਰ ਅਧੀਨ ਬਲਾਕ ਖਰੜ-2 ਵਿਚ ਸਰਕਲ ਮਨੌਲੀ ਦੇ ਪਿੰਡ ਛਿਉਰ-ਹੇੜੀ ਦੇ ਆਂਗਣਵਾੜੀ ਸੈਂਟਰ ਵਿੱਚ ਕਲ ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਦੀ ਡਾਇਰੈਕਟਰ,ਸ਼ੇਨਾ ਅਗਰਵਾਲ ਦੀ ਅਗਵਾਈ ਹੇਠ ਪੋਸ਼ਨ ਅਭਿਆਨ ਤਹਿਤ ਪੋਸ਼ਣ ਮਹੀਨੇ ਦੇ ਚਲਦੇ ਬਲਾਕ ਪੱਧਰੀ ਸਮਾਗਮ ਕਰਵਾਇਆ ਗਿਆ। ਇਸ ਦੌਰਾਨ ਭਾਰਤ ਸਰਕਾਰ, ਇਸਤਰੀ ਤੇ ਬਾਲ ਵਿਕਾਸ ਮੰਤਰਾਲਾ ਤੋਂ ਸੰਯੁਕਤ ਸਕੱਤਰ ਪ੍ਰੀਤੀ ਪੰਤ ਅਤੇ ਹੋਰਨਾਂ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ ਅਤੇ ਸੈਂਟਰ ਦਾ ਦੌਰਾ ਕੀਤਾ। ਪੋਸ਼ਣ ਅਭਿਆਨ ਤਹਿਤ ਪੋਸ਼ਣ ਮਾਹ ਦੇ ਚੱਲਦਿਆ ਗਰਭਵਤੀ ਔਰਤਾਂ ਦੀ ਸੁਪੋਸ਼ਣ ਗੋਦ

ਭਰਾਈ ਕੀਤੀ ਗਈ ਅਤੇ 6 ਮਹੀਨੇ ਤੋਂ ਉੱਪਰ ਦੇ ਬੱਚਿਆਂ ਲਈ ਪੂਰਕ ਖੁਰਾਕ ਸ਼ੁਰੂ ਕਰਨ ਦੀ ਮਹੱਤਤਾ ਬਾਰੇ ਦੱਸਿਆ ਗਿਆ। ਜ਼ਿਲ੍ਹਾ ਕੋਆਰਡੀਨੇਟਰ ਪੋਸ਼ਣ ਅਭਿਆਨ ਹਰ-ਦੀਪਮ, ਵਲੋਂ ਪੋਸ਼ਣ ਮਹੀਨੇ ਦੌਰਾਨ ਜਿਲ੍ਹਾ ਅਧੀਨ 650 ਆਂਗਣਵਾੜੀ ਸੈਂਟਰਾਂ ਵਿਚ ਕਰਵਾਈਆਂ ਜਾ ਰਹੀਆਂ ਵੱਖ-ਵੱਖ ਗਤੀਵਿਧੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ।

---------------------------------------------------------------

## <u>ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ</u>

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਆਉਣ ਵਾਲੀਆਂ ਪੀੜ੍ਹੀਆਂ ਪਾਣੀ ਦੀ ਸੰਭਾਲ ਪ੍ਰਤੀ ਸਾਡੇ ਰਵੱਈਏ ਦੇ ਆਧਾਰ 'ਤੇ ਸਾਡਾ ਮੁਲਾਂਕਣ ਕਰਨਗੀਆਂ।
- ਆਲ ਇੰਡੀਆ ਕਿਸਾਨ ਕੋਆਰਡੀਨੇਸ਼ਨ ਕਮੇਟੀ ਅਤੇ ਭਾਰਤੀ ਕਿਸਾਨ ਯੂਨੀਅਨ ਦੇ ਵਫ਼ਦ ਨੇ, ਫੂਡ ਪ੍ਰੋਸੈਸਿੰਗ ਮੰਤਰੀ ਰਵਨੀਤ ਸਿੰਘ ਬਿੱਟੂ ਨਾਲ ਮੁਲਾਕਾਤ ਕਰਕੇ ਪੰਜਾਬ ਅਤੇ ਹਰਿਆਣਾ ਵਿੱਚ

ਖੇਤੀਬਾੜੀ ਲਈ ਫੂਡ ਪ੍ਰੋਸੈਸਿੰਗ ਅਤੇ ਮੁੱਲ ਵਾਧੇ ਨੂੰ ਅੱਗੇ ਵਧਾਉਣ ਦੀ ਅਪੀਲ ਕੀਤੀ।

- ਪੰਜਾਬ ਸਰਕਾਰ ਨੇ ਖੇਤੀਬਾੜੀ ਵਾਸਤੇ ਅਨੁਸੂਚਿਤ ਜਾਤੀ ਦੇ ਕਿਸਾਨਾਂ ਅਤੇ ਗ੍ਰਾਮ ਪੰਚਾਇਤਾਂ ਲਈ 5 ਹਜ਼ਾਰ ਸੋਲਰ ਪੰਪ ਰਾਖਵੇਂ ਕਰਨ ਦਾ ਫ਼ੈਸਲਾ ਕੀਤਾ ਏ।
- ਜਲੰਧਰ ਡਵੀਜ਼ਨਲ ਕਮਿਸ਼ਨਰ ਨੇ, ਡਵੀਜ਼ਨ ’ਚ ਪੈਂਦੇ ਸੱਤ ਜ਼ਿਲ੍ਹਿਆਂ ’ਚ ਚੱਲ ਰਹੇ ਵਾਤਾਵਰਣ ਪੱਖੀ ਪ੍ਰਾਜੈਕਟਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ।